# ਸੰਤ ਬਾਬਾ ਫਤਿਹ ਸਿੰਘ ਜੀ ਦੇ ਪ੍ਰਲੋਕ ਗਮਨ

### ਦੁਸਹਿਰਾ ਸਮਾਗਮ ਮੌਕੇ ਸੰਗਤ ਨੇ ਵੱਡੀ ਗਿਣਤੀ ਵਿਚ ਹਾਜ਼ਰ ਹੋ ਕੇ ਸੰਤ ਬਾਬਾ ਫਤਹਿ ਸਿੰਘ ਜੀ ਨੂੰ ਸ਼ਰਧਾ ਦੇ ਫੁੱਲ ਕੀਤੇ ਭੇਟ

## ਇਲਾਕੇ ਦੇ ਸੰਤਾਂ ਮਹਾਂਪੁਰਖਾਂ ਵੱਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ

ਮੋਗਾ (ਭਵਨਦੀਪ ਸਿੰਘ ਪੁਰਬਾ, ਇਕਬਾਲ ਖੋਸਾ) - ਮੋਗਾ ਜ਼ਿਲ੍ਹੇ ਦੇ ਪਿੰਡ ਖੋਸਾ ਕੋਟਲਾ ਦੀ ਉੱਘੀ ਧਾਰਮਿਕ ਤੇ ਸਮਾਜ ਸੇਵਕ ਸ਼ਖਸੀਅਤ ਸੰਤ ਬਾਬਾ ਫਤਹਿ ਸਿੰਘ ਆਪਣਾ ਪੰਜ ਭੂਤਕ ਸਰੀਰ ਤਿਆਗ ਕੇ ਗੁਰੂ ਚਰਨਾਂ ਵਿਚ ਜਾ ਬਿਰਾਜੇ। ਸੰਤ ਬਾਬਾ ਫਤਿਹ ਸਿੰਘ ਜੀ ਨੇ ਲੋਕ ਭਲਾਈ ਦੇ ਕਾਰਜਾਂ ਦੇ ਨਾਲ ਨਾਲ ਵਿੱਦਿਅਕ ਅਦਾਰਿਆਂ, ਹਸਪਤਾਲ ਅਤੇ ਸ਼ਮਸ਼ਾਨਘਾਟ ਦੀਆਂ ਇਮਾਰਤਾਂ ਦੀ ਉਸਾਰੀ ਕਰਵਾਉਣ ਦੇ ਨਾਲ ਨਾਲ ਸਕੂਲਾਂ ਲਈ ਖੇਡ ਮੈਦਾਨਾਂ ਦਾ ਵਿਕਾਸ ਵੀ ਕਰਵਾਇਆ।

ਸੰਤ ਬਾਬਾ ਫਤਿਹ ਸਿੰਘ ਜੀ ਦੇ ਪ੍ਰਲੋਕ ਗਮਨ ਕਰ ਜਾਣ ਤੇ ਦੂਰ ਦੁਰਾਡੇ ਤੋਂ ਸੰਗਤਾਂ ਦੇ ਭਾਰੀ ਇਕੱਠ ਨੇ ਗੁਰਦੁਆਰਾ ਪਾਤਸ਼ਾਹੀ ਛੇਵੀਂ ਖੋਸਾ ਕੋਟਲਾ ਵਿਖੇ ਸੰਤਾ ਦੇ ਪੰਜ ਭੂਤਕ ਸਰੀਰ ਤੇ ਫੁੱਲ ਮਲਾਵਾਂ ਭੇਟ ਕਰਕੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਸੰਤ ਬਾਬਾ ਫਤਿਹ ਸਿੰਘ ਜੀ ਨੂੰ ਅੰਤਿਮ ਵਿਦਾਇਗੀ ਦੇਣ ਮੌਕੇ ਸੰਤ ਜਗਦੀਸ਼ ਦਾਸ ਜੀ ਉਚੇ ਡੇਰੇ ਵਾਲੇ, ਸੰਤ ਬਾਬਾ ਗੁਰਦੀਪ ਸਿੰਘ ਚੰਦ ਪੁਰਾਣਾ, ਸੰਤ ਬਾਬਾ ਬਲਦੇਵ ਸਿੰਘ ਮੰਡੀਰਾ, ਸੰਤ ਬਾਬਾ ਬਲਦੇਵ ਸਿੰਘ ਜੋਗੇਵਾਲਾ, ਸੰਤ ਬਾਬਾ ਸਰਬਜੋਤ ਸਿੰਘ ਬੇਦੀ, ਸੰਤ ਬਾਬਾ ਗੁਰਜੰਟ ਸਿੰਘ ਸਲ੍ਹੀਣਾ, ਬਾਬਾ ਜਸਵੀਰ ਸਿੰਘ ਲੋਹਾਰਾ, ਬਾਬਾ ਦੀਪੀ ਜੀ ਬੱਧਨੀ ਵਾਲੇ, ਸੰਤ ਬਾਬਾ ਮਹਿੰਦਰ ਸਿੰਘ ਜਨੇਰ ਟਕਸਾਲ, ਸੰਤ ਬਾਬਾ ਅਮਰੀਕ ਸਿੰਘ ਜਵੱਦੀ ਟਕਸਾਲ, ਸੰਤ ਬਾਬਾ ਜੀਵਨ ਸਿੰਘ ਹਰਖਵਾਲ, ਬਾਬਾ ਅਵਤਾਰ ਸਿੰਘ, ਸੰਤ ਬਾਬਾ ਸੁੱਖਾ ਸਿੰਘ ਭੁੱਚੋ ਵਾਲੇ, ਬਾਬਾ ਭੋਲਾ ਭਗਤ ਚੁੱਘਾ, ਬਾਬਾ ਦਰਸ਼ਨ ਸਿੰਘ ਹੀਰਾ ਦਾਸ ਜੀ ਅਤੇ ਹੋਰ ਇਲਾਕੇ ਦੇ ਸੰਤਾ ਮਹਾਪੁਰਖਾ ਤੋਂ ਇਲਾਵਾ ਕੈਬਨਿਟ ਮੰਤਰੀ ਜਥੇਦਾਰ ਤੋਤਾ ਸਿੰਘ, ਸੁਖਜੀਤ ਸਿੰਘ ਕਾਕਾ ਲੋਹਗੜ੍ਹ, ਸ. ਗੁਰਮੇਲ ਸਿੰਘ ਪੁਰਬਾ, ਨਿਧੜਕ ਸਿੰਘ ਬਰਾੜ ਰਾਜ ਸੂਚਨਾ ਕਮਿਸ਼ਨਰ ਪੰਜਾਬ, ਇੰਦਰਜੀਤ ਸਿੰਘ ਜ਼ੀਰਾ ਸਾਬਕਾ ਮੰਤਰੀ, ਰਣਵਿੰਦਰ ਸਿੰਘ ਪੱਪੂ ਰਾਮੂੰਵਾਲਾ ਪ੍ਰਧਾਨ ਟਰੱਕ ਯੂਨੀਅਨ, ਡਾ:ਹਰਜੋਤ ਕਮਲ ਸਿੰਘ ਸੂਬਾ ਸਕੱਤਰ ਕਾਂਗਰਸ, ਸੁਖਵਿੰਦਰ ਸਿੰਘ ਦਾਤੇਵਾਲ ਚੇਅਰਮੈਨ ਮਾਰਕੀਟ ਕਮੇਟੀ, ਅਸ਼ਵਨੀ ਕੁਮਾਰ ਪਿੰਟੂ ਪ੍ਰਧਾਨ, ਜਤਿੰਦਰਪਾਲ ਸਿੰਘ ਖੋਸਾ, ਸਤਨਾਮ ਸਿੰਘ ਡੀ.ਸੀ. ਦਫਤਰ, ਗੁਰਮੀਤ ਸਿੰਘ ਗਗੜਾ ਪ੍ਰਧਾਨ ਸਮੇਤ ਹਜ਼ਾਰਾਂ ਸੰਗਤਾ ਹਾਜਰ ਸਨ।

ਸੰਤ ਬਾਬਾ ਫ਼ਤਹਿ ਸਿੰਘ ਖੋਸਾ ਕੋਟਲਾ ਵਾਲਿਆਂ ਨਮਿੱਤ ਹੋਏ ਦਸਹਿਰਾ ਸਮਾਗਮ ਮੌਕੇ ਵੱਡੀ ਗਿਣਤੀ 'ਚ ਸੰਤ ਮਹਾਂਪੁਰਸ਼, ਰਾਜਨੀਤਕ, ਸਮਾਜਿਕ ਤੇ ਧਾਰਮਿਕ ਸ਼ਖ਼ਸੀਅਤਾਂ ਤੋਂ ਇਲਾਵਾ ਹਜ਼ਾਰਾਂ ਦੀ ਗਿਣਤੀ 'ਚ ਸੰਗਤਾਂ ਪੁੱਜੀਆਂ। ਇਸ ਮੌਕੇ ਰੱਖੇ ਗਏ 11 ਸ੍ਰੀ ਅਖੰਡ ਪਾਠ ਸਾਹਿਬ ਤੇ ਸਹਿਜ ਪਾਠ ਸਾਹਿਬ ਦੇ ਭੋਗਾਂ ਉਪਰੰਤ ਆਏ ਹੋਏ ਸੰਤ ਮਹਾਂਪੁਰਸ਼ਾਂ ਨੇ ਸੰਤ ਬਾਬਾ ਫ਼ਤਹਿ ਸਿੰਘ ਵੱਲੋਂ ਇਲਾਕੇ ਵਿੱਚ ਕੀਤੇ ਗਏ ਧਾਰਮਿਕ, ਸਮਾਜਿਕ ਕੰਮਾਂ ਤੇ ਸੰਗਤਾਂ ਨੂੰ ਗੁਰੂ ਸਾਹਿਬ ਨਾਲ ਜੋੜਨ ਦੇ ਕੀਤੇ ਉਪਰਾਲਿਆਂ ਤੋਂ ਸੰਗਤਾਂ ਨੂੰ ਸੇਧ ਲੈਣ ਦੀ ਸਿੱਖਿਆ ਦਿੱਤੀ।

ਪਗੜੀ ਰਸਮ ਮੌਕੇ ਸੰਤ ਬਾਬਾ ਫਤਹਿ ਸਿੰਘ ਤੋਂ ਬਾਅਦ ਗੁਰਦੁਆਰਾ ਗੁਰੂਸਰ ਸਾਹਿਬ ਪਾਤਸ਼ਾਹੀ ਛੇਵੀਂ ਦੇ ਪ੍ਰਬੰਧਾਂ ਲਈ ਪ੍ਰਸਿੱਧ ਕਥਾਵਾਚਕ ਗਿਆਨੀ ਗੁਰਮੀਤ ਸਿੰਘ ਜੀ ਨੂੰ ਸੰਤ ਮਹਾਂਪੁਰਸ਼ਾਂ, ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ ਖੋਸਾ ਕੋਟਲਾ ਤੇ ਸੇਵਾਦਾਰਾਂ ਮੁੱਖ ਸੇਵਾਦਾਰ ਦੀ ਸੇਵਾ ਸੌਂਪੀ, ਜਿਸ ਲਈ ਸਾਰੇ ਮਹਾਂਪੁਰਸ਼ਾਂ ਨੇ ਪ੍ਰਵਾਨਗੀ ਦਿੱਤੀ। ਸਮਾਗਮ ਦੌਰਾਨ ਆਏ ਹੋਏ ਪ੍ਰਸਿੱਧ ਕਥਾਵਾਚਕਾਂ ਤੇ ਰਾਗੀ ਜਥਿਆਂ ਨੇ ਕਥਾ ਕੀਰਤਨ ਦੁਆਰਾ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ। ਮੁੱਖ ਸੇਵਾਦਾਰ ਗਿਆਨੀ ਗੁਰਮੀਤ ਸਿੰਘ ਨੇ ਮਹਾਂਪੁਰਸ਼ ਸੰਤ ਬਾਬਾ ਫਤਹਿ ਸਿੰਘ ਨਮਿਤ ਸਮਾਗਮ ਵਿਚ ਪਹੁੰਚੇ ਸਾਰੇ ਮਹਾਂਪੁਰਸ਼ਾਂ, ਸ਼ਖ਼ਸੀਅਤਾਂ ਤੇ ਹਜ਼ਾਰਾਂ ਦੀ ਗਿਣਤੀ 'ਚ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਸਮਾਗਮ ਵਿੱਚ ਬਾਬਾ ਸੰਤੋਖ ਸਿੰਘ ਜੀ ਬੀੜ ਬਾਬਾ ਬੁੱਢਾ ਸਾਹਿਬ, ਬਾਬਾ ਗੁਰਮੇਲ ਸਿੰਘ ਨਾਨਕਸਰ, ਸੰਤ ਅਮੀਰ ਸਿੰਘ ਜੀ ਜਵੱਦੀ ਟਕਸਾਲ, ਬਾਬਾ ਸੇਵਾ ਸਿੰਘ ਜੀ ਖਡੂਰ ਸਾਹਿਬ, ਬਾਬਾ ਜਗਿੰਦਰ ਸਿੰਘ ਬੁੱਢਾ ਦਲ, ਮਹੰਤ ਰਾਮ ਸਿੰਘ ਲੋਹਗੜ੍ਹ, ਸੰਤ ਮਹਿੰਦਰ ਸਿੰਘ ਜਨੇਰ ਵਾਲੇ, ਸੰਤ ਬਾਬਾ ਬਲਦੇਵ ਸਿੰਘ ਜੋਗੇਵਾਲਾ, ਸੰਤ ਬਾਬਾ ਜਗਦੀਸ਼ ਦਾਸ ਜੀ ਉਚੇ ਡੇਰੇ ਵਾਲੇ, ਸੰਤ ਬਾਬਾ ਬਲਦੇਵ ਸਿੰਘ ਮੰਡੀਰਾ, ਬਾਬਾ ਜਥੇਦਾਰ ਤੋਤਾ ਸਿੰਘ ਖੇਤੀਬਾੜੀ ਮੰਤਰੀ, ਬਰਜਿੰਦਰ ਸਿੰਘ ਬਰਾੜ ਚੇਅਰਮੈਨ, ਜਸਵਿੰਦਰ ਸਿੰਘ ਸਿੱਧੂ, ਸੁਖਵਿੰਦਰ ਸਿੰਘ ਦਾਤੇਵਾਲ ਚੇਅਰਮੈਨ, ਸ. ਗੁਰਮੇਲ ਸਿੰਘ ਪੁਰਬਾ, ਅਸ਼ਵਨੀ ਕੁਮਾਰ ਪਿੰਟੂ ਪ੍ਰਧਾਨ, ਬਾਬਾ ਦਰਸ਼ਨ ਸਿੰਘ, ਭਗਵਾਨ ਪਰਸ਼ੂਰਾਮ ਬ੍ਰਾਹਮਣ ਸਭਾ ਪੰਜਾਬ ਦੇ ਚੇਅਰਮੈਨ, ਖਣਮੁੱਖ ਭਾਰਤੀ ਪੱਤੋ, ਬਾਬਾ ਮਨਮੋਹਨ ਸਿੰਘ, ਵਿਜੇ ਕੁਮਾਰ ਧੀਰ, ਸੁਲੱਖਣ ਸਿੰਘ ਹੁੰਦਲ, ਆਦਿ ਪਤਵੰਤੇ ਤੇ ਸੰਗਤ ਨੇ ਵੱਡੀ ਗਿਣਤੀ ਵਿਚ ਹਾਜ਼ਰ ਹੋ ਕੇ ਸੰਤ ਬਾਬਾ ਫਤਹਿ ਸਿੰਘ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

ਬਾਬਾ ਫਤਹਿ ਸਿੰਘ ਜੀ ਖੋਸਾ ਕੋਟਲਾ ਵਾਲਿਆ ਦੇ ਪ੍ਰਲੋਕ ਗਮਨ ਕਰ ਜਾਣ ਤੇ ਸੰਤ ਜਗਦੀਸ਼ ਦਾਸ ਜੀ ਉਚੇ ਡੇਰੇ ਵਾਲੇ, ਬਾਬਾ ਦਰਸ਼ਨ ਸਿੰਘ ਹੀਰਾ ਦਾਸ ਜੀ ਡੇਰਾ ਸੇਦੋਆਣਾ, ਬਾਬਾ ਗੁਰਦੀਪ ਸਿੰਘ ਜੀ ਚੰਦਪੁਰਾਣੇ ਵਾਲੇ, ਸੰਤ ਬਾਬਾ ਬਲਦੇਵ ਸਿੰਘ ਜੀ ਮੰਡੀਰਾ ਵਾਲੇ, ਬਾਬਾ ਰੇਸ਼ਮ ਸਿੰਘ ਜੀ ਖੁਖਰਾਣਾ, ਬਾਬਾ ਗੁਰਦੀਪ ਸਿੰਘ ਜੀ ਖੋਸਾ ਕੋਟਲਾ, ਬਾਬਾ ਰਾਮ ਸਿੰਘ ਜੀ ਲੋਹਗੜ੍ਹ, ਗੁਰਨਾਮ ਸਿੰਘ ਡਰੋਲੀ ਕਾਰ ਸੇਵਾ ਵਾਲੇ, ਬਾਬਾ ਪਵਨਦੀਪ ਸਿੰਘ ਕੜਿਆਲ, ਬਾਬਾ ਹਰਵਿੰਦਰ ਸਿੰਘ ਰੋਲੀ, ਮਹੰਤ ਕਪੂਰ ਸਿੰਘ ਬੋਪਾਰਾਏ, ਬਾਬਾ ਹਰੀ ਸਿੰਘ ਜੀਰਾ, ਬਾਬਾ ਗੁਰੂ ਦੱਤ ਬੱਧਨੀ ਕਲਾਂ, ਗਿਆਨੀ ਨਛੱਤਰ ਸਿੰਘ ਮਸਤੂਆਣਾ, ਗਿਆਨੀ ਜਗਰਾਜ ਸਿੰਘ, ਬਾਬਾ ਨਰੈਣ ਸਿੰਘ ਚੋਹਲਾ ਸਾਹਿਬ, ਗਿਆਨੀ ਬਲਜੀਤ ਸਿੰਘ, ਗਿਆਨੀ ਗੁਰਲਾਲ ਸਿੰਘ, ਗਿਆਨੀ ਗਗਨਦੀਪ ਸਿੰਘ, ਗਿਆਨੀ ਬਲਵੀਰ ਸਿੰਘ, ਬਾਬਾ ਜਗਦੀਸ਼ ਦਾਸ ਖੋਸਾ ਰਣਧੀਰ, ਸੰਤ ਦਰਸ਼ਨ ਸਿੰਘ, ਸੰਤ ਪਰਦੀਪ ਸਿੰਘ ਬੇਰੇ ਵਾਲੇ, ਮਹੰਤ ਗੋਪਾਲ ਸਿੰਘ ਕੋਠਾਰੀ, ਮਹੰਤ ਰਾਮ ਸਿੰਘ ਤੇ ਸੰਤ ਜੋਧ ਸਿੰਘ ਰਿਸ਼ੀਕੇਸ਼, ਢਾਡੀ ਜੱਥਾ ਭਾਈ ਕੁੰਡਾ ਸਿੰਘ ਜੋਸ਼, ਬਾਬਾ ਕਰਨਜੀਤ ਸਿੰਘ ਜੰਮੂ-ਕਸ਼ਮੀਰ, ਬਾਬਾ ਲਖਵੀਰ ਸਿੰਘ ਦੌਧਰ ਤੋਂ ਇਲਾਵਾ ਸੁਖਜੀਤ ਸਿੰਘ ਕਾਕਾ ਲੋਹਗੜ੍ਹ, ਦਰਸ਼ਨ ਸਿੰਘ ਬਰਾੜ ਜ਼ਿਲ੍ਹਾ ਪ੍ਰਧਾਨ ਕਾਂਗਰਸ, ਡਾ: ਮਾਲਤੀ ਥਾਪਰ, ਮਲਕੀਤ ਸਿੰਘ ਬਰਾੜ, ਬਾਬਾ ਭੋਲਾ ਭਗਤ ਜੀ ਚੁੱਘਾ ਖੁਰਦ, ਬਾਬਾ ਸੁਰਿੰਦਰ ਸਿੰਘ ਜੀ ਮਹੇਸ਼ਰੀ, ਬਾਬਾ ਪਵਨਦੀਪ ਸਿੰਘ ਜੀ ਕੜਿਆਲ, ਬਾਬਾ ਜਸਵੀਰ ਸਿੰਘ ਲੋਹਾਰਾ, ਸੇਵਾਦਾਰ ਭਾਈ ਹਰਪ੍ਰੀਤ ਸਿੰਘ ਚੜਿਕ, ਸਾਬਕਾ ਬਲਾਕ ਸੰਮਤੀ ਮੈਂਬਰ ਇਕਬਾਲ ਖੋਸਾ, ਸ. ਗੁਰਮੇਲ ਸਿੰਘ ਪੁਰਬਾ, 'ਮਹਿਕ ਵਤਨ ਦੀ ਲਾਈਵ' ਦੇ ਮੁੱਖ ਸੰਪਾਦਕ ਸ. ਭਵਨਦੀਪ ਸਿੰਘ ਪੁਰਬਾ, ਕਮਲਜੀਤ ਸਿੰਘ ਦਾਸ, ਢਾਡੀ ਸਾਧੂ ਸਿੰਘ ਧੰਮੂ, ਸ. ਚਮਕੌਰ ਸਿੰਘ ਸੰਘਾ, ਲੇਖਕ ਬਲਦੇਵ ਸਿੰਘ ਅਜਾਦ, ਕੁਲਦੀਪ ਸਿੰਘ ਸੰਭੀ, ਬਲਸ਼ਰਨ ਸਿੰਘ ਪੁਰਬਾ, ਮਨਿੰਦਰ ਮੋਗਾ, ਬਖਤੌਰ ਸਿੰਘ ਗਿੱਲ, ਮਨਮੋਹਨ ਚੀਮਾ, ਅਮਰੀਕ ਸਿੰਘ ਰਿਕੂ, ਕੁਲਵਿੰਦਰ ਤਾਰੇਵਾਲਾ, ਸ਼ਵਿੰਦਰ ਤਾਰੇਵਾਲਾ, ਅਮਰਜੀਤ ਸਿੰਘ ਖੁਖਰਾਣਾ, ਜਸਵਿੰਦਰ ਸਿੰਘ ਸ਼ਿੰਦਾ ਤੋਂ ਇਲਾਵਾ ਹੋਰ ਕਈ ਮਾਣਯੋਗ ਸ਼ਖਸੀਅਤਾ ਵੱਲੋਂ ਵੀ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।



# ਪੋਹ ਦਾ ਮਹੀਨਾ ਸ਼ਹੀਦੀਆਂ ਤੇ ਕੁਰਬਾਨੀਆਂ ਭਰਿਆ ਮਹੀਨਾ ਹੈ - ਬਾਬਾ ਗੁਰਦੀਪ ਸਿੰਘ

### ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਿਤ ਦੀਵਾਨ ਸਜਾਏ

ਬਾਘਾ ਪੁਰਾਣਾ/ ਮਵਦੀਲਾ ਬਿਓਰੋ:

ਮਾਲਵੇ ਦੇ ਪ੍ਰਸਿੱਧ ਧਾਰਮਿਕ ਅਸਥਾਨ ਗੁਰਦੁਆਰਾ ਸ਼ਹੀਦ ਬਾਬਾ ਤੇਗਾ





ਸਿੰਘ ਜੀ (ਤਪ ਅਸਥਾਨ ਸਚਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ ਜੀ) ਚੰਦ ਪੁਰਾਣਾ ਜਿਲ੍ਹਾ ਮੋਗਾ ਵਿਖੇ ਪੋਹ ਦੇ ਮਹੀਨੇ ਦਾ ਪੂਰਨਮਾਸ਼ੀ ਦਾ ਦਿਹਾੜਾ ਇਸ ਵਾਰ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਿਤ ਕਰਕੇ ਮਨਾਇਆ ਗਿਆ।

ਮੁੱਖ ਸੇਵਾਦਾਰ ਸੰਤ ਬਾਬਾ ਗੁਰਦੀਪ ਸਿੰਘ ਜੀ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਬਹੁਤ ਹੀ ਸ਼ਰਧਾ ਭਾਵਨਾਂ ਨਾਲ ਮਨਾਏ ਗਏ ਇਸ ਦਿਹਾੜੇ ਮੌਕੇ ਸਹਿਜ ਪਾਠਾਂ ਦੇ ਭੋਗ ਉਪਰੰਤ ਭਾਈ ਸੁਖਵੰਤ ਸਿੰਘ ਸੋਢੀ ਵੱਲੋਂ ਰੱਬੀ ਬਾਣੀ ਦਾ ਕੀਰਤਨ ਕੀਤਾ ਕਰਕੇ ਸੰਗਤਾ ਨੂੰ ਗੁਰੂ ਘਰ ਨਾਲ ਜੋੜਿਆਂ ਗਿਆ। ਇਹ ਸਮਾਗਮ ਵਿੱਚ ਧਾਰਮਿਕ ਦੀਵਾਨਾਂ ਦੀ ਹਾਜ਼ਰੀ ਵਿੱਚ ਪੰਥ ਦੇ ਪ੍ਰਸਿੱਧ ਜੱਥੇ ਭਾਈ ਇਕਬਾਲ ਸਿੰਘ ਨੱਥੂਵਾਲਾ, ਭਾਈ ਇਕਬਾਲ ਸਿੰਘ ਲੰਗੇਆਣਾ ਨੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਦਾ ਇਤਿਹਾਸ ਸੁਣਾਕੇ ਸੰਗਤਾਂ ਨੂੰ ਨਿਹਾਲ ਕੀਤਾ।

ਇਸ ਮੌਕੇ ਬਾਬਾ ਗੁਰਦੀਪ ਸਿੰਘ ਨੇ ਸੰਗਤਾਂ ਨੂੰ ਪ੍ਰਵਚਨ ਕਰਦਿਆਂ ਕਿਹਾ ਕਿ ਗੁਰੂ ਗੋਬਿੰਦ ਸਿੰਘ ਜੀ ਨੇ ਕੌਮੀ ਲਈ ਧਰਮ ਲਈ ਸਾਰਾ ਪਰਿਵਾਰ ਕੁਰਬਾਨ ਕਰ ਦਿੱਤਾ, ਧਰਮ ਨਹੀਂ ਹਾਰਿਆ। ਇਹ ਪੋਹ ਦਾ ਮਹੀਨਾ ਸ਼ਹੀਦੀਆਂ, ਕੁਰਬਾਨੀਆਂ ਭਰਿਆ ਮਹੀਨਾ ਹੈ। ਬਾਬਾ ਗੁਰਦੀਪ ਸਿੰਘ ਨੇ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਜਪ ਸਿਮਰਨ ਕਰਕੇ ਸਮੁੱਚੇ ਪਰਿਵਾਰ ਨੂੰ ਯਾਦ ਕਰਦਿਆਂ ਦਰਸਾਏ ਮਾਰਗ 'ਤੇ ਚੱਲਣਾ ਚਾਹੀਦਾ ਹੈ। ਸਮਾਗਮ ਵਿਚ ਭਾਈ ਜੁਗਰਾਜ ਸਿੰਘ, ਸੁੱਖਾ ਸਿੰਘ, ਤਰਲੋਕ ਸਿੰਘ, ਸੁੱਚਾ ਸਿੰਘ, ਮੇਜਰ ਸਿੰਘ, ਧਰਮ ਸਿੰਘ, ਜਿੰਦਰ ਸਿੰਘ, ਲਛਮਣ ਸਿੰਘ, ਅਮਰਜੀਤ ਸਿੰਘ, ਸੁਖਮੰਦਰ ਸਿੰਘ ਅਤੇ ਕਰਨੈਲ ਸਿੰਘ ਆਦਿ ਮੁੱਖ ਤੌਰ ਤੇ ਹਾਜ਼ਰ ਸਨ।

# ਸੰਤ ਬਾਬਾ ਪਵਨਦੀਪ ਸਿੰਘ ਜੀ ਦੀ ਸ੍ਰਪਰਸਤੀ ਹੇਠ ਸਰੋਵਰ ਦੀ ਕਾਰ ਸੇਵਾ ਆਰੰਭ



ਗੁਰਦੁਆਰਾ ਸਾਹਿਬ ਕੇਰ ਵਾਲੀ ਖੂਹੀ ਕੜਿਆਲ ਵਿਖੇ ਸਰੋਵਰ ਦੀ ਕਾਰ ਸੇਵਾ ਦੀ ਆਰੰਭਤਾ ਕਰਵਾਉਦੇ ਹੋਏ ਮੁੱਖ ਸੇਵਾਦਾਰ ਸੰਤ ਬਾਬਾ ਪਵਨਦੀਪ ਸਿੰਘ ਜੀ ਅਤੇ ਹਾਜਰ ਸੇਵਾਦਾਰ।

ਮੋਗਾ (ਜਸਵੀਰ ਪੁੜੈਨ) – ਸੱਚਖੰਡ ਵਾਸੀ ਸੰਤ ਬਾਬਾ ਪਾਲਾ ਸਿੰਘ ਜੀ ਦੇ ਤਪ ਅਸਥਾਨ ਗੁਰਦੁਆਰਾ ਸਾਹਿਬ ਵਿਖੇ ਮੁੱਖ ਸੇਵਾਦਾਰ ਸੰਤ ਬਾਬਾ ਪਵਨਦੀਪ ਸਿੰਘ ਜੀ ਦੀ ਸ੍ਰਪਰਸਤੀ ਹੇਠ ਸਰੋਵਰ ਦੀ ਕਾਰ ਸੇਵਾ ਆਰੰਭ ਕੀਤੀ ਗਈ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆ 'ਮਹਿਕ ਵਤਨ ਦੀ ਲਾਈਵ' ਦੇ ਮੁੱਖ ਸੰਪਾਦਕ ਭਵਨਦੀਪ ਸਿੰਘ ਪੁਰਬਾ ਨੇ ਦੱਸਿਆ ਕਿ ਸੱਚਖੰਡ ਵਾਸੀ ਸੰਤ ਬਾਬਾ ਪਾਲਾ ਸਿੰਘ ਜੀ ਦੇ ਤਪ ਅਸਥਾਨ ਗੁਰਦੁਆਰਾ ਸਾਹਿਬ ਕੇਰ ਵਾਲੀ ਖੂਹੀ ਕੜਿਆਲ ਵਿਖੇ ਮੁੱਖ ਸੇਵਾਦਾਰ ਸੰਤ ਬਾਬਾ ਪਵਨਦੀਪ ਸਿੰਘ ਜੀ ਦੀ ਸ੍ਰਪਰਸਤੀ ਹੇਠ ਸਰੋਵਰ ਦੀ ਕਾਰ ਸੇਵਾ ਆਰੰਭ ਕੀਤੀ ਗਈ ਹੈ। ਬੱਚਿਆ ਨੂੰ ਸਿੱਖ ਇਤਿਹਾਸ ਤੋਂ ਜਾਣੂ ਕਰਵਾਉਣ ਲਈ ਜਲਦੀ ਹੀ ਇਸ ਅਸਥਾਨ ਤੇ ਸੰਤ ਬਾਬਾ ਪਵਨਦੀਪ ਸਿੰਘ ਜੀ ਦੀ ਸ੍ਰਪਰਸਤੀ ਹੇਠ ਸਿੱਖ ਅਜਾਇਬ ਘਰ ਸਥਾਪਤ ਕੀਤਾ ਜਾ ਰਿਹਾ ਹੈ।

ਸਰੋਵਰ ਦੀ ਕਾਰ ਸੇਵਾ ਦੀ ਆਰੰਭਤਾ ਮੁੱਖ ਸੇਵਾਦਾਰ ਸੰਤ ਬਾਬਾ ਪਵਨਦੀਪ ਸਿੰਘ ਜੀ ਨੇ ਆਪਣੇ ਕਰ ਕਮਲਾ ਨਾਲ ਕੀਤੀ¢ ਇਸ ਮੌਕੇ ਸੇਵਾਦਾਰ ਗੁਰਜੀਤ ਸਿੰਘ, ਮਿਸਤਰੀ ਨਰੈਣ ਸਿੰਘ, ਰਮਨ ਸਿੰਘ, ਗੋਰਾ ਸਿੰਘ, ਗੁਰਜਿੰਦਰ ਸਿੰਘ, ਜੱਜ ਸਿੰਘ, ਤਰਲੋਕ ਸਿੰਘ, ਦਲੀਪ ਸਿੰਘ, ਗੁਰਪ੍ਰੀਤ ਸਿੰਘ, ਮਨਜਿੰਦਰ ਸਿੰਘ, ਪ੍ਰਧਾਨ ਸਿੰਘ, ਮੂਰਤੀ ਆਰਟਿਸਟ ਜਸਵੀਰ ਸਿੰਘ ਪੁੜੈਣ ਆਦਿ ਮੁੱਖ ਤੌਰ ਤੇ ਹਾਜ਼ਰ ਸਨ।